ਅੰਡਰ-17 ਲੜਕੇ ਤੇ ਲੜਕੀਆਂ ਦੇ ਜ਼ਿਲ੍ਹਾ ਪੱਧਰੀ ਖੇਡ ਮੁਕਾਬਲੇ 3 ਅਤੇ 4 ਅਕਤੂਬਰ ਨੂੰ

ਡਿਪਟੀ ਕਮਿਸ਼ਨਰ ਵੱਲੋਂ 3 ਅਕਤੂਬਰ ਨੂੰ ਸ੍ਰੀ ਗੁਰੂ ਅਰਜਨ ਦੇਵ ਖੇਡ ਸਟੇਡੀਅਮ ਵਿਖੇ ਕੀਤਾ ਜਾਵੇਗਾ ਖੇਡਾਂ ਦਾ ਰਸਮੀਂ ਉਦਘਾਟਨ

ਤਰਨਤਾਰਨ, 26 ਸਤੰਬਰ :

ਪੰਜਾਬ ਸਰਕਾਰ ਦੇ ਦਿਸ਼ਾ-ਨਿਰਦੇਸ਼ਾ ਅਧੀਨ ਅੰਡਰ-17 ਲੜਕੇ ਤੇ ਲੜਕੀਆਂ ਦੇ ਜ਼ਿਲ੍ਹਾ ਪੱਧਰੀ ਖੇਡ ਮੁਕਾਬਲੇ 3 ਅਤੇ 4 ਅਕਤੂਬਰ ਨੂੰ ਕਰਵਾਏ ਜਾ ਰਹੇ ਹਨ। ਇਹ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਖੇਡ ਅਫ਼ਸਰ ਸ੍ਰ. ਸਤਪਾਲ ਸਿੰਘ ਨੇ ਦੱਸਿਆ ਕਿ ਸ੍ਰੀ ਗੁਰੂ ਅਰਜਨ ਦੇਵ ਖੇਡ ਸਟੇਡੀਅਮ ਤਰਨਤਾਰਨ ਵਿਖੇ ਕਰਵਾਏ ਜਾ ਰਹੇ ਜ਼ਿਲ੍ਹਾ ਪੱਧਰੀ ਖੇਡ ਮੁਕਾਬਲਿਆਂ ਦਾ ਰਸਮੀਂ ਉਦਘਾਟਨ ਡਿਪਟੀ ਕਮਿਸ਼ਨਰ ਤਰਨਤਾਰਨ ਸ੍ਰੀ ਪਰਦੀਪ ਕੁਮਾਰ ਸੱਭਰਵਾਲ ਵੱਲੋਂ 3 ਅਕਤੂਬਰ ਨੂੰ ਸਵੇਰੇ 10 ਵਜੇ ਕੀਤਾ ਜਾਵੇਗਾ।

ਜ਼ਿਲ੍ਹਾ ਖੇਡ ਅਫ਼ਸਰ ਨੇ ਦੱਸਿਆ ਕਿ ਇਹ ਖੇਡ ਮੁਕਾਬਲੇ ਵੱਖ-ਵੱਖ ਸਥਾਨਾਂ 'ਤੇ ਕਰਵਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਅਥਲੈਟਿਕ ਅਤੇ ਕਬੱਡੀ ਦੇ ਮੁਕਾਬਲੇ ਸ੍ਰੀ ਗੁਰੂ ਅਰਜਨ ਦੇਵ ਖੇਡ ਸਟੇਡੀਅਮ ਤਰਨਤਾਰਨ ਵਿਖੇ, ਹਾਕੀ ਤੇ ਕੁਸ਼ਤੀ ਦੇ ਮੁਕਾਬਲੇ ਸ੍ਰੀ ਗੁਰੂ ਅਰਜਨ ਦੇਵ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਤਰਨਤਾਰਨ ਵਿਖੇ, ਫੁੱਟਬਾਲ ਤੇ ਵਾਲੀਵਾਲ ਦੇ ਮੁਕਾਬਲੇ ਪੁਲਿਸ ਲਾਈਨ ਖੇਡ ਸਟੇਡੀਅਮ ਤਰਨਤਾਰਨ ਵਿਖੇ ਅਤੇ ਹੈਂਡਬਾਲ ਦੇ ਮੁਕਾਬਲੇ ਸਰਕਾਰੀ ਕੰਨਿਆ ਸਕੂਲ ਕੈਰੋਂ ਵਿਖੇ ਕਰਵਾਏ ਜਾਣਗੇ।
ਉਨ੍ਹਾਂ ਦੱਸਿਆ ਕਿ ਖੇਡ ਮੁਕਾਬਲਿਆਂ ਵਿੱਚ ਭਾਗ ਲੈਣ ਵਾਲੇ ਖਿਡਾਰੀ ਤੇ ਖਿਡਾਰਨਾਂ ਜ਼ਿਲ੍ਹਾ ਤਰਨਤਾਰਨ ਦੇ ਵਸਨੀਕ ਹੋਣੇ ਚਾਹੀਦੇ ਹਨ। ਅੰਡਰ-17 ਵਿੱਚ ਭਾਗ ਲੈਣ ਵਾਲੇ ਖਿਡਾਰੀਆਂ ਦੀ ਮਿਤੀ 1 ਜਨਵਰੀ 2001 ਜਾਂ ਇਸ ਤੋਂ ਬਾਅਦ ਹੋਣੀ ਚਾਹੀਦੀ ਹੈ। ਭਾਗ ਲੈਣ ਵਾਲੇ ਖਿਡਾਰੀ ਤੇ ਖਿਡਾਰਨਾਂ ਆਪਣੇ ਨਾਲ ਜਨਮ ਮਿਤੀ ਦਾ ਸਬੂਤ, ਰਿਹਾਇਸ਼ ਦਾ ਸਬੂਤ ਜਾਂ ਆਧਾਰ ਕਾਰਡ ਦੀ ਤਸਦੀਕਸ਼ੁਦਾ ਕਾਪੀ ਆਪਣੇ ਨਾਲ ਲੈ ਕੇ ਆਉਣ।
ਉਨ੍ਹਾਂ ਕਿਹਾ ਕਿ ਸਾਰੇ ਖਿਡਾਰੀ ਤੇ ਖਿਡਾਰਨਾਂ ਸ੍ਰੀ ਗੁਰੂ ਅਰਜਨ ਦੇਵ ਖੇਡ ਸਟੇਡੀਅਮ ਵਿਖੇ ਐਂਟਰੀ ਫਾਰਮ ਸੰਬੰਧਿਤ ਗੇਮ ਇੰਚਾਰਜ਼ ਨੂੰ ਚੈੱਕ ਕਰਵਾਉਣਗੇ। ਉਨ੍ਹਾਂ ਦੱਸਿਆ ਕਿ ਇਨ੍ਹਾਂ ਖੇਡ ਮੁਕਾਬਲਿਆਂ ਦੇ ਰਸਮੀਂ ਉਦਘਾਟਨ ਤੋਂ ਬਾਅਦ ਸਾਰੀਆਂ ਟੀਮਾਂ ਆਪਣੇ-ਆਪਣੇ ਖੇਡ ਸਥਾਨਾਂ 'ਤੇ ਰਿਪੋਰਟ ਕਰਨਗੀਆਂ।
---------------------------